ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ ॥ (ਪੰਨਾ-135)

ਡੋਲਿ ਡੋਲਿ ਮਹਾ ਦੁਖੁ ਪਾਇਆ ਬਿਨਾ ਸਾਧੂ ਸੰਗਿ ॥ (ਪੰਨਾ-405)

ਜਿਨ ਸਤਿਗੁਰ ਸੰਗਤਿ ਸੰਗੁ ਨ ਪਾਇਆ
ਸੇ ਭਾਗਹੀਣ ਪਾਪੀ ਜਮਿ ਖਾਇਆ ॥ (ਪੰਨਾ-494)

ਟਿਕਨੁ ਨ ਪਾਵੈ ਬਿਨੁ ਸਤਸੰਗਤਿ ਕਿਸੁ ਆਗੈ ਜਾਇ ਰੂਆਈਐ ॥ (ਪੰ.-532)

ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ ॥ (ਪੰਨਾ-810)

ਏਸੇ ਲਈ ਗੁਰਬਾਣੀ ਵਿਚ ਸਾਨੂੰ 'ਸਾਧ ਸੰਗਤ' ਬਾਬਤ ਇਸ ਤਰ੍ਹਾਂ 'ਜਾਚਨਾ' ਕਰਨ ਦੀ ਪ੍ਰੇਰਨਾ ਕੀਤੀ ਗਈ ਹੈ—

ਹਰਿ ਜੀਉ ਆਗੈ ਕਰੀ ਅਰਦਾਸਿ ॥
ਸਾਧੂ ਜਨ ਸੰਗਤਿ ਹੋਇ ਨਿਵਾਸੁ ॥ (ਪੰਨਾ-415)

ਕਹੁ ਨਾਨਕ ਪ੍ਰਭ ਬਖਸ ਕਰੀਜੈ ॥
ਕਰਿ ਕਿਰਪਾ ਮੋਹਿ ਸਾਧਸੰਗੁ ਦੀਜੈ ॥ (ਪੰਨਾ-738)

ਕਰਿ ਕਿਰਪਾ ਮੋਹਿ ਮਾਰਗਿ ਪਾਵਹੁ ॥
ਸਾਧਸੰਗਤਿ ਕੈ ਅੰਚਲਿ ਲਾਵਹੁ ॥ (ਪੰਨਾ-801)

ਵਡਭਾਗੀ ਹਰਿ ਨਾਮੁ ਧਿਆਵਹਿ ਹਰਿ ਕੇ ਭਗਤ ਹਰੇ ॥
ਤਿਨ ਕੀ ਸੰਗਤਿ ਦੇਹਿ ਪ੍ਰਭ ਜਾਚਉ
ਮੈ ਮੂੜ ਮੁਗਧ ਨਿਸਤਰੇ ॥ (ਪੰਨਾ-975)

ਕੋਈ ਆਵੈ ਸੰਤੋ ਹਰਿ ਕਾ ਜਨੁ ਸੰਤੋ ਮੇਰਾ ਪ੍ਰੀਤਮ ਜਨੁ ਸੰਤੋ
ਮੋਹਿ ਮਾਰਗੁ ਦਿਖਲਾਵੈ ॥ (ਪੰਨਾ-1201)

ਐਸੀ ਮਾਂਗੁ ਗੋਬਿਦ ਤੇ ॥
ਟਹਲ ਸੰਤਨ ਕੀ ਸੰਗੁ ਸਾਧੂ ਕਾ ਹਰਿ ਨਾਮਾਂ ਜਪਿ ਪਰਮ ਗਤੇ ॥ (ਪੰ.-1298)

ਟੈਲੀਫੋਨ (telephone) ਉਤੇ ਗੱਲ ਕਰਨ ਅਥਵਾ ਮੇਲ-ਜੋਲ ਕਰਨ ਲਈ ਕਿਸੇ ਖਾਸ ਨੰਬਰ ਦਾ 'ਮੇਲ' ਹੋਣਾ ਲਾਜ਼ਮੀ ਹੈ । ਜੇਕਰ ਉਹ ਨੰਬਰ ਨਾ ਮਿਲੇ ਯਾ ਰਿਸੀਵਰ (receiver) ਨਾ ਚੁਕਿਆ ਜਾਵੇ, ਤਾਂ ਦੋਹਾਂ ਧਿਰਾਂ ਵਿਚਕਾਰ—

ਗੱਲ-ਬਾਤ ਨਹੀਂ ਹੁੰਦੀ,
'ਸਾਂਝ' ਅਥਵਾ 'ਸੰਗਤ' ਨਹੀਂ ਹੁੰਦੀ,
ਲੇਵਾ-ਦੇਵੀ ਨਹੀਂ ਹੁੰਦੀ,
ਵਣਜ-ਵਪਾਰ ਨਹੀਂ ਹੁੰਦਾ ।

